# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 18-12-2024**

ਡੀਜੀਪੀ ਗੌਰਵ ਯਾਦਵ ਨੇ ਸਰਹੱਦੀ ਜ਼ਿਲ੍ਹਿਆਂ ਅੰਮ੍ਰਿਤਸਰ ਤੇ ਫਿਰੋਜ਼ਪੁਰ ਦੇ ਉੱਚ-ਪੁਲਿਸ ਅਧਿਕਾਰੀਆਂ ਨਾਲ ਇਕ ਉਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕੀਤੀ ਤੇ ਸੂਬੇ ਦੀ ਸ਼ਾਂਤੀ ਨੂੰ ਭੰਗ ਕਰਨ ਦੀ ਕੋਸ਼ਿਸ਼ ਕਰਨ ਵਾਲੇ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। dgp ਨੇ ਇਹ ਮੀਟਿੰਗ ਅੰਮ੍ਰਿਤਸਰ ਦੇ ਇਸਲਾਮਾਬਾਦ ਪੁਲਿਸ ਸਟੇਸ਼ਨ 'ਤੇ ਹੋਏ ਧਮਾਕੇ ਤੋਂ ਕੁਝ ਘੰਟਿਆਂ ਬਾਅਦ ਕੀਤੀ। ਪੰਜਾਬ ਪੁਲਿਸ ਮੁਖੀ ਨੇ ਦਾਅਵਾ ਕੀਤਾ ਕਿ ਬੱਬਰ ਖ਼ਾਲਸਾ ਇੰਟਰਨੈਸ਼ਨਲ, ਖ਼ਾਲਸਾ ਜ਼ਿੰਦਾਬਾਦ ਫੋਰਸ ਤੇ ਪਾਕਿਸਤਾਨ ਸਥਿਤ ਆਈ.ਐਸ.ਆਈ. ਦੀਆਂ ਹਦਾਇਤਾਂ 'ਤੇ ਕੰਮ ਕਰ ਰਹੇ ਵਿਦੇਸ਼ੀ ਗੈਂਗਸਟਰ ਥਾਣਿਆਂ ਨੂੰ ਨਿਸ਼ਾਨਾ ਬਣਾ ਕੇ ਸੂਬੇ ਵਿਚ ਦਹਿਸ਼ਤ ਪੈਦਾ ਕਰਨ ਦੀ ਕੋਸ਼ਿਸ਼ ਕਰ ਰਹੇ ਨੇ। ਉਨ੍ਹਾਂ ਕਿਹਾ ਕਿ ਸੂਬੇ ਦੀ ਸ਼ਾਂਤੀ ਨੂੰ

ਭੰਗ ਕਰਨ ਦੀ ਕਿਸੇ ਨੂੰ ਵੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਉਹਨਾਂ ਹਾਲ ਹੀ ਵਿੱਚ ਆਈ.ਐਸ.ਆਈ. ਤੇ ਉਸਦੇ ਸਾਥੀਆਂ ਨੂੰ ਚਤਾਵਨੀ ਦਿੱਤੀ ਸੀ ਕਿ ਪੰਜਾਬ POLICE ਉਹਨਾਂ ਦੇ ਨਾਪਾਕ ਇਰਾਦਿਆਂ ਨੂੰ ਕਦੇ ਵੀ ਕਾਮਯਾਬ ਨਹੀਂ ਹੋਣ ਦੇਵੇਗੀ। ਪੁਲਿਸ ਨੇ ਕਈ ਮਾਡਿਊਲਾਂ ਦਾ ਪਰਦਾਫਾਸ਼ ਵੀ ਕੀਤਾ ਏ ਤੇ ਇਨ੍ਹਾਂ ਗੈਂਗਸਟਰਾਂ ਦੇ ਕਈ ਕਾਰਕੁਨਾਂ ਨੂੰ ਗ੍ਰਿਫਤਾਰ ਕੀਤਾ ਏ। ਸਾਡੇ ਜਲੰਧਰ ਤੋਂ ਪੱਤਰਕਾਰ ਦੀ ਰਿਪੋਰਟ ਏ ਕਿ ਅੰਮ੍ਰਿਤਸਰ, ਬਟਾਲਾ ਅਤੇ ਨਵਾਂਸ਼ਹਿਰ ਸਥਿਤ ਥਾਣਿਆਂ ਵਿਚ ਨਵੰਬਰ ਤੋਂ ਹੁਣ ਤੱਕ 20 ਦਿਨਾਂ ਵਿਚ ਇਹ ਛੇਵਾਂ ਧਮਾਕਾ ਸੀ। ਹਾਲਾਂਕਿ ਕਿਸੇ ਜਾਨੀ ਨੁਕਸਾਨ ਦੀ ਸੂਚਨਾ ਨਹੀਂ ਏ। ਸ੍ਰੀ ਯਾਦਵ ਨੇ ਹਮਲੇ ਲਈ ਜ਼ਿੰਮੇਵਾਰ ਲੋਕਾਂ ਦਾ ਪਤਾ ਲਗਾਉਣ ਤੇ ਉਨ੍ਹਾਂ ਨੂੰ ਫੜਨ ਲਈ ਅਧਿਕਾਰੀਆਂ ਨੂੰ ਤਕਨੀਕੀ ਤੇ ਮਨੁੱਖੀ ਖੁਫੀਆ ਦੋਵਾਂ ਦੀ ਵਰਤੋਂ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਡੀ.ਜੀ.ਪੀ. ਨੇ ਸਾਰੇ ਅਧਿਕਾਰੀਆਂ ਨੂੰ ਨਵੀਂ ਸ਼ੁਰੂ ਕੀਤੀ ਸੇਫ਼ ਪੰਜਾਬ ਐਂਟੀ ਡਰੱਗ ਹੈਲਪਲਾਈਨ '9779100200' ਰਾਹੀਂ ਪ੍ਰਾਪਤ ਸੁਝਾਵਾਂ 'ਤੇ ਤੁਰੰਤ ਕਾਰਵਾਈ ਕਰਨ ਲਈ ਵੀ ਪ੍ਰੇਰਿਤ ਕੀਤਾ। ਇਹ ਹੈਲਪਲਾਈਨ

ਨਾਗਰਿਕਾਂ ਨੂੰ ਨਸ਼ਾ ਤਸਕਰਾਂ ਦੀ ਗੁਮਨਾਮ ਰੂਪ ਵਿੱਚ ਰਿਪੋਰਟ ਕਰਨ ਦੀ ਇਜਾਜ਼ਤ ਦਿੰਦੀ ਏ ।

---------------------------------------------------------

ਪੰਜਾਬ ਵਿਚ ਪ੍ਰਦਰਸ਼ਨਕਾਰੀ ਕਿਸਾਨਾਂ ਨੇ ਆਪਣਾ ਰੋਸ ਦਰਜ ਕਰਨ ਤੇ ਫਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲ  ਦੀ ਕਾਨੂੰਨੀ ਗਾਰੰਟੀ ਲਈ ਆਪਣੀਆਂ ਮੰਗਾਂ ਲਈ ਦਬਾਅ ਪਾਉਣ ਲਈ ਰਾਜ ਭਰ ਵਿੱਚ ਲਗਭਗ 50 ਥਾਵਾਂ 'ਤੇ ਰੇਲਾਂ ਰੋਕੀਆਂ ਨੇ । ਕਿਸਾਨ ਆਗੂ ਸਰਵਣ ਸਿੰਘ ਪੰਧੇਰ ਨੇ ਐਲਾਨ ਕੀਤਾ ਸੀ ਕਿ ਵੱਖ-ਵੱਖ ਕਿਸਾਨ ਜਥੇਬੰਦੀਆਂ ਦੇ ਕਿਸਾਨ ਕਾਰਕੁਨ ਦੁਪਹਿਰ 12 ਵਜੇ ਤੋਂ 3 ਵਜੇ ਤੱਕ ਤਿੰਨ ਘੰਟੇ ਰੇਲ ਆਵਾਜਾਈ ਠੱਪ ਕਰਨਗੇ। ਉਨ੍ਹਾਂ ਕਿਹਾ ਕਿ ਧਰਨਾ ਪ੍ਰਦਰਸ਼ਨ ਸ਼ਾਂਤਮਈ ਹੋਵੇਗਾ ਅਤੇ ਸਿਰਫ਼ ਰੇਲਵੇ ਕ੍ਰਾਸਿੰਗਾਂ ਅਤੇ ਸਟੇਸ਼ਨਾਂ 'ਤੇ ਹੋਵੇਗਾ । ਇਸ ਦੌਰਾਨ ਸੁਰੱਖਿਆ ਬੰਦੋਬਸਤ ਲਈ ਜਿੰਮੇਵਾਰ ਇੱਕ ਸੀਨੀਅਰ ਰੇਲਵੇ ਅਧਿਕਾਰੀ ਨੇ ਆਕਾਸ਼ਵਾਣੀ ਜਲੰਧਰ ਪੱਤਰ ਪ੍ਰੇਰਕ ਨੂੰ ਪੁਸ਼ਟੀ ਕੀਤੀ ਏ  ਕਿ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਫਿਰੋਜ਼ਪੁਰ ਤੇ ਅੰਬਾਲਾ ਰੇਲਵੇ

ਡਵੀਜ਼ਨਾਂ ਵਿੱਚ ਸਾਰੀਆਂ ਲੋੜੀਂਦੀਆਂ ਥਾਵਾਂ 'ਤੇ ਰਾਜ ਪੁਲਿਸ ਦੇ ਜਵਾਨਾਂ ਦੇ ਨਾਲ ਜੀ. ਆਰ. ਪੀ. ਤਾਇਨਾਤ ਕੀਤੀ ਗਈ ਏ।

-----------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਸੇਵਾਮੁਕਤ ਸਬ-ਇੰਸਪੈਕਟਰ ਦਲਜੀਤ ਸਿੰਘ ਨੂੰ 10000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਕਾਬੂ ਕੀਤਾ ਏ। ਇਸ ਸਮੇਂ ਉਹ ਐਨ.ਡੀ.ਪੀ.ਐਸ. ਕਾਨੂੰਨ ਅਧੀਨ ਕੇਂਦਰੀ ਜੇਲ੍ਹ ਅੰਮ੍ਰਿਤਸਰ ਵਿਚ ਬੰਦ ਸੀ। ਬਿਊਰੋ ਨੇ ਉਸ ਨੂੰ ਪ੍ਰੋਡਕਸ਼ਨ ਵਾਰੰਟ ’ਤੇ ਲਿਆ ਕੇ ਗ੍ਰਿਫ਼ਤਾਰ ਕਰ ਲਿਆ। ਉਕਤ ਮੁਲਜ਼ਮ ਨੂੰ ਜੋਗਾ ਸਿੰਘ ਵਾਸੀ ਪਿੰਡ ਕੋਟਲੀ ਨਸੀਰ ਖਾਂ ਅੰਮ੍ਰਿਤਸਰ ਵਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ’ਤੇ ਗ੍ਰਿਫ਼ਤਾਰ ਕੀਤਾ ਗਿਆ ਏ। ਦਰਜ ਸ਼ਿਕਾਇਤ ਅਨੁਸਾਰ ਮੁਲਜ਼ਮ ਪੁਲਿਸ ਸਬ-ਇੰਸਪੈਕਟਰ ਨੇ ਆਪਣੀ ਤਾਇਨਾਤੀ ਦੌਰਾਨ ਸ਼ਿਕਾਇਤਕਰਤਾ ਤੋਂ ਸਾਲ 2017 ਵਿਚ ਥਾਣਾ ਅੰਮ੍ਰਿਤਸਰ ਛਾਉਣੀ ਵਿਖੇ ਦਰਜ ਐਫ.ਆਈ.ਆਰ. ਵਿੱਚ ਉਸ ਦੇ ਪੁੱਤਰ ਨੂੰ ਬੇਕਸੂਰ ਦਿਖਾਉਣ ਬਦਲੇ ਉਸ ਕੋਲੋਂ 1 ਲੱਖ ਰੁਪਏ ਰਿਸ਼ਵਤ ਦੀ ਮੰਗ ਕੀਤੀ ਸੀ ਤੇ ਰਿਸ਼ਵਤ ਵਜੋਂ 10,000 ਰੁਪਏ ਲਏ ਸਨ।

---------------------------------------------------------------

ਪੰਜਾਬ ਨੌਜਵਾਨ ਕਿਸਾਨ ਸੰਸਥਾ ਦੇ ਮੈਂਬਰਾਂ ਦੀ ਮੀਟਿੰਗ ਫਾਰਮ ਸਲਾਹਕਾਰ ਸੇਵਾ ਕੇਂਦਰ, ਤਰਨ ਤਾਰਨ ਵਿਖੇ ਕਰਵਾਈ ਗਈ ਜਿਸ ਵਿਚ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੀਆਂ ਨਵੀਆਂ ਖੋਜਾਂ ਨੂੰ ਜ਼ਿਲ੍ਹੇ ਦੇ ਹੋਰ ਕਿਸਾਨਾਂ ਤੱਕ ਪਹੁੰਚਾਉਣ ਲਈ ਨੌਜਵਾਨ ਕਿਸਾਨ ਮੈਂਬਰਾਂ ਦੀ ਸਰਗਰਮ ਭੂਮੀਕਾ ਤੇ ਮੌਜੂਦਾ ਹਾੜ੍ਹੀ ਦੀਆਂ ਫਸਲਾਂ ਤੇ ਸਿਆਲਾਂ ਵਾਲੀਆਂ ਸਬਜ਼ੀਆਂ ਵਿਚ ਆ ਰਹੀਆਂ ਮੁਸ਼ਕਿਲਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਇੰਚਾਰਜ ਡਾ. ਪਰਵਿੰਦਰ ਸਿੰਘ ਨੇ ਪੀਏਯੂ ਦੀਆਂ ਨਵੀਆਂ ਤਕਨੀਕਾਂ ਨੂੰ ਅਪਣਾਉਣ ਤੇ ਇਹਨਾਂ ਦਾ ਪ੍ਰਸਾਰ ਕਰਨ ਵਿਚ ਪੀ ਐਨ ਕੇ ਐਸ ਮੈਂਬਰਾਂ ਨੂੰ ਪ੍ਰੇਰਿਤ ਕੀਤਾ। ਕੇ.ਵੀ.ਕੇ., ਬੂਹ ਤਰਨ ਤਾਰਨ ਦੇ ਡਿਪਟੀ ਡਾਇਰੈਕਟਰ (ਸਿਖਲਾਈ) ਡਾ. ਪ੍ਰਭਜੀਤ ਸਿੰਘ ਨੇ ਕਿਸਾਨਾਂ ਨੂੰ ਡੇਅਰੀ, ਪੋਲਟਰੀ, ਬੱਕਰੀ ਤੇ ਸੂਰ ਪਾਲਣ ਸਬੰਧੀ ਸਿਖਲਾਈ ਲੈਣ ਲਈ ਕੇ.ਵੀ.ਕੇ. ਦੇ ਵਿਗਿਆਨੀਆਂ ਨਾਲ ਜੁੜਨ ਲਈ ਕਿਹਾ।

---

ਨਸ਼ਿਆਂ ਵਿਰੁੱਧ ਜਾਗਰੂਕਤਾ ਅਭਿਆਨ ਦੌਰਾਨ ਤਰਨ ਤਾਰਨ ਦੇ ਪਿੰਡ ਵਲਟੋਹਾ ਵਿੱਚ ਸੈਮੀਨਾਰ ਅਤੇ ਨਾਟਕ ਕਰਵਾਇਆ ਗਿਆ। ਇਸ ਦੌਰਾਨ ਸਹਾਇਕ ਡਾਇਰੈਕਟਰ ਪ੍ਰੀਤ ਕੋਹਲੀ ਨੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕਿ ਸਰਕਾਰ ਵਲੋਂ ਪੰਜਾਬ ਦੀ ਨੌਜਵਾਨੀ ਨੂੰ ਬਚਾਉਣ ਲਈ ਯੁਵਕ ਸੇਵਾਵਾਂ ਵਿਭਾਗ ਰਾਹੀਂ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਅਭਿਆਨ ਚਲਾਇਆ ਜਾ ਰਿਹਾ ਏ। ਉਹਨਾਂ ਦੱਸਿਆ ਕਿ ਨਸ਼ਾ ਕਰਨ ਵਾਲੇ ਆਪਣੇ ਭਵਿੱਖ ਦੇ ਨਾਲ-ਨਾਲ ਆਪਣੇ ਪਰਿਵਾਰ ਦਾ ਭਵਿੱਖ ਵੀ ਖਰਾਬ ਕਰਦੇ ਨੇ , ਨਸ਼ੇ ਦੇ ਨਾਲ ਸਮਾਜ ਵਿੱਚ ਹੋਰ ਵੀ ਬਹੁਤ ਸਾਰੇ ਜੁਰਮ ਵਧ ਰਹੇ ਨੇ , ਇਸ ਲਈ ਨਸ਼ੇ ਨੂੰ ਰੋਕਣ ਲਈ ਸਭ ਨੂੰ ਮਿਲ ਕੇ ਯਤਨ ਕਰਨੇ ਚਾਹੀਦੇ ਨੇ।